**ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ**
**ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ, ਮੁਹਾਲੀ**
**ਫੋਨ ਨੰਬਰ: 0172-2212221, ਫੈਕਸ ਨੰ: 0172-2212793**

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)
ਪੰਜਾਬ।

ਮੀਮੋ ਨੰ:- SCERT/PPPP/2018/2018655-86 ਮਿਤੀ:- 09-11-2018

ਵਿਸ਼ਾ:- **ਪ੍ਰੀ-ਪ੍ਰਾਇਮਰੀ ਜਮਾਤਾਂ ਅਧੀਨ ਬੱਚਿਆਂ ਦੇ ਪੱਧਰਾਂ ਦਾ ਮੁਲਾਂਕਣ ਮਿਤੀ 12 ਨਵੰਬਰ ਤੋਂ 15 ਨਵੰਬਰ ਤੱਕ ਕਰਨ ਸਬੰਧੀ।**

ਹਵਾਲਾ ਨੰ : 8/5/2017 ਮੁਲਾਂਕਣ-461 ਮਿਤੀ: 13-07-2018

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਸਰਕਾਰ ਵੱਲੋਂ ਰਾਜ ਦੇ ਸਮੂਹ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਲਈ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਚਲਾਇਆ ਜਾ ਰਿਹਾ ਹੈ।ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪ੍ਰੀ-ਪ੍ਰਾਇਮਰੀ ਜਮਾਤਾਂ ਸ਼ੁਰੂ ਕੀਤੀਆਂ ਗਈਆਂ ਹਨ।ਪ੍ਰੀ-ਪ੍ਰਾਇਮਰੀ ਜਮਾਤਾਂ ਸ਼ੁਰੂ ਕਰਨ ਦਾ ਉਦੇਸ਼ ਤਿੰਨ ਤੋਂ ਛੇ ਸਾਲ ਦੇ ਬੱਚਿਆਂ ਨੂੰ ਪ੍ਰਾਇਮਰੀ ਸਿੱਖਿਆ ਗ੍ਰਹਿਣ ਕਰਨ ਲਈ ਤਿਆਰ ਕਰਨਾ ਅਤੇ ਉਹਨਾਂ ਦਾ ਸਰਵ-ਪੱਖੀ ਵਿਕਾਸ ਕਰਨਾ ਹੈ।ਇਸ ਲਈ ਸਕੂਲ ਸਿੱਖਿਆ ਵਿਭਾਗ ਵੱਲੋਂ ਪ੍ਰੀ-ਪ੍ਰਾਇਮਰੀ ਜਮਾਤਾਂ ਲਈ ਪਾਠਕ੍ਰਮ ਤਿਆਰ ਕੀਤਾ ਗਿਆ ਹੈ, ਜਿਸ ਅਧੀਨ ਬੱਚਿਆਂ ਨੂੰ ਖੇਡ ਵਿਧੀ ਰਾਹੀਂ ਗਤੀਵਿਧੀਆਂ ਕਰਵਾਈਆਂ ਜਾਣੀਆਂ ਹਨ।ਇਸ ਪਾਠਕ੍ਰਮ ਅਨੁਸਾਰ 32 ਵੰਨਗੀਆਂ ਦੀ ਸਿੱਖਣ ਸਿਖਾਉਣ ਸਮੱਗਰੀ ਤਿਆਰ ਕਰ ਕੇ ਸਕੂਲਾਂ ਵਿੱਚ ਪੁੱਜਦੀ ਕਰ ਦਿੱਤੀ ਗਈ ਹੈ।

3.0 ਸਿੱਖਣ ਸਿਖਾਉਣ ਸਮੱਗਰੀ ਰਾਹੀਂ ਬੱਚਿਆਂ ਦੇ ਪੱਧਰ ਦੀ ਜਾਂਚ ਕਰਨ ਹਿੱਤ ਪ੍ਰੀ-ਪ੍ਰਾਇਮਰੀ ਜਮਾਤਾਂ ਲਈ ਰਿਪੋਰਟ ਕਾਰਡ ਤਿਆਰ ਕੀਤੇ ਗਏ ਹਨ।ਹਵਾਲਾ ਅਧੀਨ ਪੱਤਰ ਦੀ ਹਦਾਇਤਾਂ ਅਨੁਸਾਰ ਪ੍ਰੀ-ਪ੍ਰਾਇਮਰੀ ਬੱਚਿਆਂ ਦੇ ਪਹਿਲੇ ਮੁਲਾਂਕਣ ਦੇ ਨਤੀਜੇ ਰਿਪੋਰਟ ਕਾਰਡ ਵਿੱਚ ਭਰੇ ਜਾ ਚੁੱਕੇ ਹਨ।

4.0 ਪ੍ਰੀ-ਪ੍ਰਾਇਮਰੀ ਬੱਚਿਆਂ ਦਾ ਹੁਣ ਦੂਜਾ ਮੁਲਾਂਕਣ ਨਵੰਬਰ, 2018 ਵਿੱਚ ਕੀਤਾ ਜਾਣਾ ਹੈ।ਇਸ ਕੰਮ ਲਈ ਅਧਿਆਪਕ ਵੱਲੋਂ ਬੱਚਿਆਂ ਨੂੰ ਗਤੀਵਿਧੀਆਂ ਕਰਵਾਉਣ ਸਮੇਂ ਬੱਚੇ ਦਾ ਕੇਵਲ ਅਵਲੋਕਨ (observation) ਹੀ ਕੀਤਾ ਜਾਣਾ ਹੈ ਅਤੇ ਇਹ ਅਵਲੋਕਨ ਦਾ ਕੰਮ ਮਿਤੀ 12 ਨਵੰਬਰ ਤੋਂ 15 ਨਵੰਬਰ ਤੱਕ ਕੀਤਾ ਜਾਵੇ।ਅਵਲੋਕਨ ਦੌਰਾਨ ਅਧਿਆਪਕ ਨੂੰ ਦਿੱਤੀ ਗਈ ਸਿਖਲਾਈ ਅਨੁਸਾਰ ਇਹ ਗਤੀਵਿਧੀਆਂ ਬੱਚੇ ਤੋਂ ਵਾਰ-ਵਾਰ ਕਰਵਾ ਕੇ ਦੇਖੀਆਂ ਜਾਣ ਤਾਂ ਜੋ ਬੱਚੇ ਦੇ ਵਿਕਾਸ ਦਾ ਸਹੀ ਮੁਲਾਂਕਣ ਕੀਤਾ ਜਾ ਸਕੇ।ਇਸ ਉਪਰੰਤ ਹਰ ਬੱਚੇ ਦੀ ਰਿਪੋਰਟ ਕਾਰਡ ਨੂੰ ਭਰਨ ਦਾ ਕੰਮ ਮਿਤੀ 16 ਨਵੰਬਰ ਤੋਂ 17 ਨਵੰਬਰ ਤੱਕ ਮੁਕੰਮਲ ਕਰ ਲਿਆ ਜਾਵੇ।

5.0 ਪ੍ਰੀ-ਪ੍ਰਾਇਮਰੀ ਦੇ ਬੱਚਿਆਂ ਦੇ ਰਿਪੋਰਟ ਕਾਰਡ ਨੂੰ ਭਰਨ ਦੇ ਦਿਸ਼ਾ-ਨਿਰਦੇਸ਼ ਹਵਾਲਾ ਅਧੀਨ ਪੱਤਰ ਅਨੁਸਾਰ ਪਹਿਲਾਂ ਤੋਂ ਹੀ ਭੇਜੇ ਜਾ ਚੁੱਕੇ ਹਨ।

6.0 ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ ਜੀ।

ਡਾਇਰੈਕਟਰ ਐੱਸ.ਸੀ.ਈ.ਆਰ.ਟੀ.
ਪੰਜਾਬ

ਪਿੱਠ ਅੰਕਣ ਨੰ: 

ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1.ਪੀ.ਏ ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ
2.ਪੀ.ਏ ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ
3.ਪੀ.ਏ ਟੂ ਡੀ.ਪੀ.ਆਈ. (ਐ.ਸਿ), ਪੰਜਾਬ

ਡਾਇਰੈਕਟਰ ਐੱਸ.ਸੀ.ਈ.ਆਰ.ਟੀ.
ਪੰਜਾਬ